# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੋਟੇ ਅਨਾਜਾਂ ਅਤੇ ਸਬਜ਼ੀਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ ਏ। ਪ੍ਰਧਾਨ ਮੰਤਰੀ ਅੱਜ ਨਵੀਂ ਦਿੱਲੀ ਵਿੱਚ 'ਪਰੀਕਸ਼ਾ ਪੇ ਚਰਚਾ' ਪ੍ਰੋਗਰਾਮ ਦੇ 8ਵੇਂ ਸੰਸਕਰਣ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਕਰ ਰਹੇ ਸਨ। ਅੱਜ ਜਾਰੀ ਇੱਕ ਵੀਡੀਓ ਵਿੱਚ, ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕੀਤਾ ਕਿ ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨੂੰ ਕਿਵੇਂ ਦੂਰ ਕੀਤਾ ਜਾਵੇ। BYTE: ਉਨ੍ਹਾਂ ਪੋਸ਼ਣ ਅਤੇ ਤੰਦਰੁਸਤੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਇਹ ਉਜਾਗਰ ਕਰਦੇ ਹੋਏ ਕਿ ਮੈਡੀਕਲ ਵਿਗਿਆਨ, ਨੀਂਦ ਦੇ ਮਹੱਤਵ ਨੂੰ ਮੰਨਦਾ ਏ, ਦੱਸਿਆ ਕਿ ਨੀਂਦ, ਪੋਸ਼ਣ 'ਤੇ ਨਿਰਭਰ ਕਰਦੀ ਏ। ਉਨ੍ਹਾਂ ਵਿਦਿਆਰਥੀਆਂ ਨੂੰ ਸਵੇਰ ਦੀ ਧੁੱਪ ਵਿੱਚ ਸਮਾਂ ਬਿਤਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਦਬਾਅ ਵਿੱਚ

ਮੁਹਾਰਤ ਲਈ ਸੁਝਾਅ ਵੀ ਦਿੱਤੇ । ਉਨ੍ਹਾਂ ਵਿਦਿਆਰਥੀਆਂ ਨੂੰ ਇਸ ਦਬਾਅ 'ਤੇ ਜ਼ੋਰ ਦਿੱਤੇ ਬਿਨਾਂ ਤਿਆਰੀ ਕਰਨ ਅਤੇ ਆਪਣੇ ਆਪ ਨੂੰ ਚੁਣੌਤੀ ਦਿੰਦੇ ਰਹਿਣ ਦੀ ਸਲਾਹ ਦਿੱਤੀ। BYTE: ਪ੍ਰੀਖਿਆਵਾਂ ਦੌਰਾਨ ਸਮਾਂ ਪ੍ਰਬੰਧਨ ਦੀ ਜਰੂਰਤ ਬਾਰੇ ਪੁੱਛੇ ਗਏ, ਇਕ ਸਵਾਲ ਦੇ ਜਵਾਬ ਵਿਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮੇਂ ਨੂੰ ਸਮਝਣਾ ਬਹੁਤ ਮਹੱਤਵਪੂਰਨ ਏ। ਉਨ੍ਹਾਂ ਵਿਦਿਆਰਥੀਆਂ ਨੂੰ ਗਤੀਵਿਧੀਆਂ ਦੀ ਸੂਚੀ ਬਣਾਉਣ ਦੀ ਸਲਾਹ ਦਿੱਤੀ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਵਿਸ਼ਿਆਂ ਦੇ ਖਿਲਾਫ ਚੁਣੌਤੀ ਦੇਣ ਦੀ ਅਪੀਲ ਕੀਤੀ ਜੋ ਉਨ੍ਹਾਂ ਨੂੰ ਪਸੰਦ ਨਹੀਂ ਹਨ। ਆਕਾਸ਼ਵਾਣੀ, ਦੂਰਦਰਸ਼ਨ, ਸਵੈ-ਯਮ, ਸਵੈਯਮ ਪ੍ਰਭਾ, ਪ੍ਰਧਾਨ ਮੰਤਰੀ ਦਫਤਰ ਦੇ ਯੂ-ਟਿਊਬ ਚੈਨਲ ਅਤੇ ਸਿੱਖਿਆ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲਿਆਂ ਦੇ ਸੋਸ਼ਲ ਮੀਡੀਆ ਚੈਨਲਾਂ 'ਤੇ ‘ਪਰੀਕਸ਼ਾ ਪੇ ਚਰਚਾ’ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ । ਇਸ ਵਿੱਚ, ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲਗਭਗ, 36 ਵਿਦਿਆਰਥੀਆਂ ਨੂੰ ਪ੍ਰਧਾਨ ਮੰਤਰੀ ਨਾਲ ਸਿੱਧਾ ਗੱਲਬਾਤ ਕਰਨ ਲਈ ਚੁਣਿਆ ਗਿਆ ਏ । ਪਰੀਕਸ਼ਾ ਪੇ ਚਰਚਾ 2025' ਸੱਤ ਐਪੀਸੋਡਾਂ ਨੂੰ

ਪੇਸ਼ ਕਰੇਗੀ, ਜੋ ਵਿਦਿਆਰਥੀਆਂ ਨੂੰ ਜੀਵਨ ਅਤੇ ਸਿੱਖਣ ਦੇ ਜ਼ਰੂਰੀ ਪਹਿਲੂਆਂ 'ਤੇ ਮਾਰਗ-ਦਰਸ਼ਨ ਕਰਨ ਲਈ ਵੱਖ ਵੱਖ ਖੇਤਰਾਂ ਦੀਆਂ ਨਾਮਵਰ ਸ਼ਖਸੀਅਤਾਂ ਨੂੰ ਇਕੱਠਾ ਕਰੇਗੀ। ਸਾਲਾਂ ਦੌਰਾਨ, ਪਰੀਕਸ਼ਾ ਪੇ ਚਰਚਾ ਨੇ ਇਮਤਿਹਾਨ-ਸਬੰਧਤ ਤਣਾਅ ਨੂੰ ਸਕਾਰਾਤਮਕ ਊਰਜਾ ਵਿੱਚ ਬਦਲਣ ਦਾ ਉਦੇਸ਼ ਇੱਕ ਮੌਕੇ ਵਜੋਂ ਵਿਕਸਤ ਕੀਤਾ ਏ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਐਨ.ਆਰ.ਆਈਜ਼ ਦੀਆਂ ਚਿੰਤਾਵਾਂ ਅਤੇ ਸ਼ਿਕਾਇਤਾਂ ਨੂੰ ਦੂਰ ਕਰਨ ਦੇ ਉਦੇਸ਼ ਨਾਲ, ਇੱਕ ਵਟਸਐਪ ਨੰਬਰ 90-56-00-98-84 ਜਾਰੀ ਕੀਤਾ ਗਿਆ ਏ, ਜਿਸ ਰਾਹੀਂ ਉਹ ਆਪਣੀਆਂ ਸਮੱਸਿਆਵਾਂ ਅਤੇ ਸਿਕਾਇਤਾਂ ਦੀ ਰਿਪੋਰਟ ਕਰ ਸਕਦੇ ਨੇ। ਐਨ.ਆਰ.ਆਈਜ਼ ਦੀਆਂ ਸਿਕਾਇਤਾਂ ਦੇ ਤੁਰੰਤ ਨਿਪਟਾਰਾ ਲਈ ਇਹ ਸ਼ਿਕਾਇਤਾਂ ਸਬੰਧਤ ਵਿਭਾਗਾਂ ਦੇ ਨਾਲ-ਨਾਲ ਪੰਜਾਬ ਪੁਲਿਸ ਦੇ ਐਨ.ਆਰ.ਆਈ. ਵਿੰਗ ਦੇ ਏ.ਡੀ.ਜੀ.ਪੀ. ਨੂੰ ਭੇਜੀਆਂ ਜਾਂਦੀਆਂ ਨੇ। ਐਨ.ਆਰ.ਆਈ. ਮਾਮਲਿਆਂ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਵਿਭਾਗ ਵੱਲੋਂ ਵਿਦੇਸਾਂ ਵਿੱਚ ਵਸਦੇ ਪੰਜਾਬੀਆਂ ਦੇ ਜਨਮ ਸਰਟੀਫਿਕੇਟ ਸਮੇਤ ਵੱਖ-ਵੱਖ ਦਸਤਾਵੇਜਾਂ ਨੂੰ ਤਸਦੀਕੀ ਕਰਨ ਬਾਰੇ

ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਨੇ ।

---

ਪੰਜਾਬ ਸਰਕਾਰ ਸੂਬੇ ਵਿੱਚ ਰੇਸ਼ਮ ਦੀ ਖੇਤੀ ਨੂੰ ਉਤਸਾਹਿਤ ਕਰਨ ਲਈ ਤੇਜੀ ਨਾਲ ਕੰਮ ਕਰ ਰਹੀ ਏ । ਬਾਗਬਾਨੀ ਮੰਤਰੀ ਮੋਹਿੰਦਰ ਭਗਤ ਦੇ ਦਿਸ਼ਾ-ਨਿਰਦੇਸ਼ਾ ਅਧੀਨ ਚੰਡੀਗੜ ਦੇ ਕਿਸਾਨ ਭਵਨ ਵਿਖੇ 'ਸਿਲਕ ਮਾਰਕ ਐਕਸਪੋ 2024' ਦਾ ਆਯੋਜਨ ਕੀਤਾ ਗਿਆ । ਇਸ ਸਮਾਗਮ ਵਿਚ ਰੇਸਮ ਦੀ ਖੇਤੀ ਪ੍ਰਤੀ ਸੂਬੇ ਦੀ ਵਚਨਬੱਧਤਾ ਨੂੰ ਦਰਸਾਇਆ ਅਤੇ ਦੇਸ ਭਰ ਦੇ ਕਾਰੀਗਰਾਂ ਅਤੇ ਵਪਾਰੀਆਂ ਲਈ ਇੱਕ ਮੰਚ ਪ੍ਰਦਾਨ ਕੀਤਾ । ਇਸ ਮੌਕੇ ਮੰਤਰੀ ਨੇ "ਪੰਜਾਬ ਵਿੱਚ ਰੇਸ਼ਮ ਦੀ ਖੇਤੀ ਦੀ ਸਫਰ" ਸਿਰਲੇਖ ਵਾਲਾ ਇੱਕ ਬਰੋਸ਼ਰ ਵੀ ਜਾਰੀ ਕੀਤਾ । ਮੰਤਰੀ ਮੋਹਿੰਦਰ ਭਗਤ ਨੇ ਰੇਸਮ ਦੀ ਖੇਤੀ ਰਾਹੀਂ ਪੇਂਡੂ ਸਸ਼ਕਤੀਕਰਨ ਕਰਨ ਲਈ ਸਰਕਾਰ ਦੀ ਵਚਨਬੱਧਤਾ ਬਾਰੇ ਦੱਸਦਿਆਂ ਕਿਹਾ ਕਿ ਸਰਕਾਰੀ ਉਪਰਾਲਿਆਂ ਨਾਲ ਪੰਜਾਬ ਵਿੱਚ ਕੋਕੂਨ ਦੀ ਕੀਮਤ 550 ਰੁਪਏ ਪ੍ਰਤੀ ਕਿਲੋਗ੍ਰਾਮ ਤੋਂ ਵਧ ਕੇ ਇਕ ਹਜ਼ਾਰ 250 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈ ਏ ਜਿਸ ਨਾਲ ਰੇਸ਼ਮ ਦੀ ਖੇਤੀ ਵਿੱਚ ਲੱਗੀਆਂ ਔਰਤਾਂ ਲਈ, ਉਚਿਤ ਮੁਆਵਜਾ ਯਕੀਨੀ ਬਣਾਇਆ ਜਾ ਰਿਹਾ ਏ ।

ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਜਲਦੀ ਹੀ ਇੱਕ ਵਿਸੇਸ "ਪੰਜਾਬ ਸਿਲਕ" ਬ੍ਰਾਂਡ ਸੁਰੂ ਕਰੇਗੀ । ਰੇਸ਼ਮ ਰੀਲਿੰਗ ਇਕਾਈਆਂ ਅਤੇ ਕੋਕੂਨ ਭੰਡਾਰ ਸਹੂਲਤਾਂ ਸਥਾਪਤ ਕਰਨ ਦੀ ਯੋਜਨਾ ਵੀ ਬਣਾਈ ਰਹੀ ਏ ਤਾਂ ਜੋ ਕਿਸਾਨਾਂ ਦੀ ਆਮਦਨ ਵਾਧਾ ਸਕੇ। ਸੂਬਾ ਸਰਕਾਰ ਦੀਆਂ ਇਹ ਪਹਿਲਕਦਮੀਆਂ ਰੇਸ਼ਮ ਦੀ ਖੇਤੀ ਨੂੰ ਉਤਸ਼ਾਹਿਤ ਕਰਨ ,ਪੇਂਡੂ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਅਤੇ ਪੰਜਾਬ ਵਿੱਚ ਰੇਸ਼ਮ ਦੀ ਖੇਤੀ ਦੇ ਖੇਤਰ ਨੂੰ ਉੱਚਾ ਚੁੱਕਣ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀਆਂ ਨੇ ।

-----------------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਚੋਰ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਏ, ਜੋ ਖਾਸ ਤੌਰ 'ਤੇ ਐਨ.ਆਰ.ਆਈਜ਼ ਦੀਆਂ ਜਾਇਦਾਦਾਂ ਅਤੇ ਖਾਲੀ ਘਰਾਂ ਨੂੰ ਨਿਸ਼ਾਨਾ ਬਣਾਉਂਦੇ ਸਨ। ਪੁਲਿਸ ਨੇ ਇਨ੍ਹਾਂ ਅਪਰਾਧਾਂ ਨੂੰ ਅੰਜਾਮ ਦੇਣ ਲਈ ਵਰਤੀ ਗਈ ਇੱਕ ਗੱਡੀ ਦੇ ਨਾਲ-ਨਾਲ ਚੋਰੀ ਕੀਤਾ ਕੀਮਤੀ ਸਮਾਨ ਵੀ ਬਰਾਮਦ ਕੀਤਾ ਏ । ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਉੱਤਰ ਪ੍ਰਦੇਸ਼ ਦੇ ਰਹਿਣ ਵਾਲੇ ਕੁਲਦੀਪ ਕੁਮਾਰ ਤੇ ਸੋਨੂੰ ਕਸ਼ਪ ਅਤੇ ਮਾਡਲ ਟਾਊਨ ਜਲੰਧਰ ਦੇ

ਪਰਮੀਤ ਸਿੰਘ ਵਜੋਂ ਹੋਈ ਏ। ਐਸ.ਐਸ.ਪੀ. ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਭਰੋਸੇਯੋਗ ਜਾਣਕਾਰੀ ਦੇ ਆਧਾਰ 'ਤੇ ਕ੍ਰਾਈਮ ਬ੍ਰਾਂਚ ਵਲੋਂ ਕੀਤੇ ਇੱਕ ਵਿਸ਼ੇਸ਼ ਆਪ੍ਰੇਸ਼ਨ ਦੌਰਾਨ ਕੀਤੀ ਗਈ। ਐਸ.ਐਸ ਪੀ ਨੇ ਦੱਸਿਆ ਕਿ ਮੁਲਜ਼ਮ, ਰਾਤ ਦੇ ਸਮੇਂ ਬੰਦ ਘਰਾਂ ਵਿੱਚ ਭੰਨ-ਤੋੜ ਕਰਨ ਲਈ ਵਿਸ਼ੇਸ਼ ਔਜ਼ਾਰਾਂ ਅਤਿ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਦੇ ਸਨ। ਮਾਮਲੇ ਵਿਚ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ।

-----------------------------------------------------------------------

ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ, 7ਵੇਂ ਪਾਤਸ਼ਾਹ ਸੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਹਜ਼ੂਰੀ ਰਾਗੀ ਭਾਈ ਰਣਜੀਤ ਸਿੰਘ ਵੱਲੋਂ ਗੁਰਬਾਣੀ ਦਾ ਇਲਾਹੀ ਕੀਰਤਨ ਕੀਤਾ ਗਿਆ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਗੁਰੂ ਘਰ ਨਤਮਸਤਕ ਹੋ ਕੇ ਆਪਣੀ ਹਾਜ਼ਰੀ ਲਗਵਾਈ।

-----------------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ 648ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਕਲ ਜਲੰਧਰ

ਸਿਟੀ ਰੇਲਵੇ ਸਟੇਸ਼ਨ ਤੋਂ ਗੁਰੂ ਜੀ ਜਨਮ ਸਥਾਨ ਸੀਰ ਗੋਵਰਧਨ ਵਾਰਾਣਸੀ ਲਈ ਇੱਕ ਵਿਸ਼ੇਸ਼ ਰੇਲਗੱਡੀ ਬੇਗਮਪੁਰਾ ਐਕਸਪ੍ਰੈਸ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਲਗਭਗ 1550 ਸ਼ਰਧਾਲੂ ਵਾਰਾਣਸੀ ਵਿੱਚ ਸ਼੍ਰੀ ਗੁਰੂ ਰਵਿਦਾਸ ਦੇ ਜਨਮ ਸਥਾਨ 'ਤੇ ਜਾ ਰਹੇ ਨੇ। ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਸਮੂਹ ਸੰਗਤਾਂ ਨੂੰ ਇਸ ਪਵਿੱਤਰ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਆਪਣਾ ਪੂਰਾ ਜੀਵਨ ਛੂਤ-ਛਾਤ ਦੇ ਖਾਤਮੇ, ਔਰਤਾਂ ਦੇ ਸਸ਼ਕਤੀਕਰਨ ਅਤੇ ਦੱਬੇ-ਕੁਚਲੇ ਲੋਕਾਂ ਦੇ ਉਥਾਨ ਲਈ ਲਗਾਇਆ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਉਨ੍ਹਾਂ ਦੇ ਮਾਰਗ-ਦਰਸ਼ਨ 'ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਏ।

---------------------------------------------------------------------

ਕ੍ਰਿਕਟ ਵਿੱਚ ਭਾਰਤ ਨੇ ਕੱਲ੍ਹ ਕਟਕ ਵਿੱਚ ਤਿੰਨ ਮੈਚਾਂ ਦੀ ਇਕ ਦਿਨਾਂ ਲੜੀ ਦੇ ਦੂਜੇ ਮੈਚ ਵਿੱਚ ਇੰਗਲੈਂਡ ਨੂੰ ਚਾਰ ਵਿਕਟਾਂ ਨਾਲ ਹਰਾਇਆ। ਇਸ ਜਿੱਤ ਨਾਲ ਮੇਜ਼ਬਾਨ ਟੀਮ, ਲੜੀ ਵਿੱਚ 2-0 ਨਾਲ ਅੱਗੇ ਏ ।

ਭਾਰਤ ਦੀ ਘਰੇਲੂ ਮੈਦਾਨ 'ਤੇ ਇੰਗਲੈਂਡ ਖ਼ਿਲਾਫ਼ ਇਕ ਰੋਜ਼ਾ ਲੜੀ ਵਿਚ ਇਹ ਲਗਾਤਾਰ 7ਵੀਂ ਜਿੱਤ ਏ।